# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-06-2024**

- ਲੋਕ ਸਭਾ ਚੋਣਾਂ ਲਈ ਭਲਕੇ, ਸਵੇਰੇ 8 ਵਜੇ ਸ਼ੁਰੂ ਹੋਣ ਵਾਲੀ ਵੋਟਾਂ ਦੀ ਗਿਣਤੀ ਲਈ, ਸਾਰੀਆਂ ਤਿਆਰੀਆਂ ਮੁਕੰਮਲ ।
- ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਅਨੁਸਾਰ, ਲੋਕ ਸਭਾ ਚੋਣਾਂ ਵਿੱਚ 64 ਕਰੋੜ 20 ਲੱਖ ਵੋਟਰਾਂ ਨੇ, ਹਿੱਸਾ ਲੈ ਕੇ ਇੱਕ ਵਿਸ਼ਵ ਰਿਕਾਰਡ ਬਣਾਇਆ ਏ ।
- ਦੇਸ਼ ਭਰ ਦੇ ਸਰੋਤਿਆਂ ਤਕ ਗਿਣਤੀ ਦੀ ਪਲ-ਪਲ ਦੀ ਜਾਣਕਾਰੀ ਪਹੁੰਚਾਉਣ ਲਈ, ਨਿਊਜ਼ ਸਰਵਿਸ ਡਿਵੀਜ਼ਨ ਆਕਾਸ਼ਵਾਣੀ ਨਵੀਂ ਦਿੱਲੀ ਨੇ, ਵਿਸ਼ੇਸ਼ ਪ੍ਰਬੰਧ ਕੀਤੇ ਨੇ - ਪ੍ਰਸਾਰਣ ਸਵੇਰੇ ਸੱਤ ਵਜੇ ਤੋਂ ਸ਼ੁਰੂ ਹੋ ਜਾਵੇਗਾ ।
- ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਤੋਂ ਬਾਅਦ ਵੀ, ਗਰਮੀ ਲਗਾਤਾਰ ਲੋਕਾਂ ਨੂੰ ਪ੍ਰੇਸ਼ਾਨ ਕਰ ਰਹੀ ਏ ।

---

ਲੋਕ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਭਲਕੇ ਕੀਤੀ ਜਾਵੇਗੀ ।

ਆਂਧਰਾ ਪ੍ਰਦੇਸ਼ ਤੇ ਉੜੀਸਾ ਵਿਧਾਨ ਸਭਾ ਚੋਣਾਂ ਅਤੇ ਕੁਝ ਵਿਧਾਨ ਸਭਾ ਸੀਟਾਂ ਵਾਸਤੇ , ਉਪ ਚੋਣਾਂ ਲਈ ਵੋਟਾਂ ਦੀ ਗਿਣਤੀ ਵੀ ਕੱਲ੍ਹ ਹੀ ਹੋਵੇਗੀ। ਵੋਟਾਂ ਦੀ ਗਿਣਤੀ ਸਵੇਰੇ 8 ਵਜੇ ਸ਼ੁਰੂ ਹੋਵੇਗੀ। ਚੋਣ ਕਮਿਸ਼ਨ ਨੇ ਕਿਹਾ ਏ ਕਿ ਵੋਟਾਂ ਦੀ ਗਿਣਤੀ ਦੇ ਰੁਝਾਨ ਅਤੇ ਨਤੀਜੇ, ਕਮਿਸ਼ਨ ਦੀ ਵੈੱਬਸਾਈਟ results.eci.gov.in ਅਤੇ ਵੋਟਰ ਹੈਲਪਲਾਈਨ ਐਪ 'ਤੇ ਵੀ ਉਪਲਬਧ ਹੋਣਗੇ। ਆਮ ਚੋਣਾਂ 19 ਅਪ੍ਰੈਲ ਤੋਂ ਪਹਿਲੀ ਜੂਨ ਤੱਕ ਸੱਤ ਗੇੜਾਂ ਵਿੱਚ ਹੋਈਆਂ ਨੇ। ਕਰੀਬ 10 ਲੱਖ ਅਧਿਕਾਰੀ ਵੋਟਾਂ ਦੀ ਗਿਣਤੀ ਪ੍ਰਕਿਰਿਆ ਵਿੱਚ ਸ਼ਾਮਲ ਨੇ ਅਤੇ ਜੇਕਰ ਸਿਆਸੀ ਅਤੇ ਹੋਰਾਂ ਦੀ ਕੁੱਲ ਗਿਣਤੀ ਨੂੰ ਜੋੜਿਆ ਜਾਵੇ, ਤਾਂ ਕੋਈ 70 ਤੋਂ 80 ਲੱਖ ਲੋਕ ਇਸ ਪ੍ਰਕਿਰਿਆ ਦਾ ਹਿੱਸਾ ਹੋਣਗੇ।

---------------------------------------------------------------

ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ, ਹੋਰ ਦੋ ਕਮਿਸ਼ਨਰਾਂ ਗਿਆਨੇਸ਼ ਕੁਮਾਰ ਅਤੇ ਸੁਖਬੀਰ ਸਿੰਘ ਸੰਧੂ ਨਾਲ ਅੱਜ ਆਕਾਸ਼ਵਾਣੀ ਦਿੱਲੀ ਦੇ ਰੰਗ ਭਵਨ ਵਿੱਚ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। ਰਾਜੀਵ ਕੁਮਾਰ ਨੇ ਕਿਹਾ ਕਿ ਭਾਰਤ 'ਚ ਲੋਕ ਸਭਾ ਚੋਣਾਂ ਵਿੱਚ 64 ਕਰੋੜ 20 ਲੱਖ ਵੋਟਰਾਂ ਨੇ ਹਿੱਸਾ ਲੈ ਕੇ, ਇੱਕ ਵਿਸ਼ਵ ਰਿਕਾਰਡ ਬਣਾਇਆ ਏ। ਉਨ੍ਹਾਂ ਕਿਹਾ ਕਿ ਇਹ ਗਿਣਤੀ, ਸਾਰੇ G-7 ਦੇਸ਼ਾਂ-ਅਮਰੀਕਾ, ਬਰਤਾਨੀਆ, ਫਰਾਂਸ, ਜਰਮਨੀ, ਇਟਲੀ, ਜਾਪਾਨ

ਅਤੇ ਕੈਨੇਡਾ ਦੇ ਵੋਟਰਾਂ ਦਾ ਡੇਢ ਗੁਣਾ ਏ। ਰਾਜੀਵ ਕੁਮਾਰ ਨੇ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ 31 ਕਰੋੜ 20 ਲੱਖ ਔਰਤ ਵੋਟਰਾਂ ਨੇ ਆਪਣੀ ਵੋਟ ਭੁਗਤਾਈ, ਜਿਹੜੀ ਕਿ ਵਿਸ਼ਵ ਵਿੱਚ ਹੁਣ ਤੱਕ ਸਭ ਤੋਂ ਵੱਧ ਏ। ਰਾਜੀਵ ਕੁਮਾਰ ਨੇ ਇਹ ਵੀ ਕਿਹਾ ਕਿ 2019 ਦੀਆਂ ਆਮ ਚੋਣਾਂ ਵਿੱਚ 540 ਰੀ-ਪੋਲਿੰਗ ਦੇ ਮੁਕਾਬਲੇ ਇਸ ਵਾਰ ਸਿਰਫ਼ 39 ਰੀ ਪੋਲਿੰਗ ਕਰਵਾਈ ਗਈ। ਪਹਿਲਾਂ ਬੈਲਟ ਪੇਪਰਾਂ ਦੀ ਗਿਣਤੀ ਪੂਰੀ ਕਰਨ ਤੋਂ ਬਾਅਦ ਨਤੀਜੇ ਐਲਾਨ ਕਰਨ ਦੇ ਸਵਾਲ 'ਤੇ, ਚੋਣ ਕਮਿਸ਼ਨਰ ਨੇ ਕਿਹਾ ਕਿ ਨਿਯਮ ਤੈਅ ਨੇ ਅਤੇ ਉਨ੍ਹਾਂ ਦੇ ਮੁਤਾਬਕ ਹੀ ਗਿਣਤੀ ਹੋਵੇਗੀ। ਬੈਲਟ ਪੇਪਰਾਂ ਰਾਹੀਂ ਵੋਟਾਂ ਪਾਉਣ ਦੀ ਗਿਣਤੀ ਲਗਾਤਾਰ ਵਧ ਰਹੀ ਏ। ਉਨ੍ਹਾਂ ਕਿਹਾ ਕਿ ਜ਼ਿਆਦਾਤਰ ਮਾਮਲਿਆਂ ਵਿੱਚ ਬੈਲਟ ਪੇਪਰਾਂ ਦੀ ਗਿਣਤੀ ਪਹਿਲਾਂ ਪੂਰੀ ਹੋ ਜਾਂਦੀ ਏ। ਉਨ੍ਹਾਂ ਦੱਸਿਆ ਕਿ ਬੈਲਟ ਪੇਪਰਾਂ ਦੀ ਗਿਣਤੀ ਸ਼ੁਰੂ ਹੋਣ ਤੋਂ ਅੱਧੇ ਘੰਟੇ ਬਾਅਦ ਈ.ਵੀ.ਐਮ ਦੀ ਗਿਣਤੀ ਕੀਤੀ ਜਾਂਦੀ ਏ ਅਤੇ ਫਿਰ ਪੰਜ VVPAT ਮਸ਼ੀਨਾਂ ਨਾਲ ਇਸਦਾ ਮੇਲ ਕੀਤਾ ਜਾਂਦਾ ਏ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਲਈ, ਵੋਟਾਂ ਦੀ ਗਿਣਤੀ 4 ਜੂਨ ਨੂੰ ਸਵੇਰੇ 8 ਵਜੇ ਸ਼ੁਰੂ ਹੋਵੇਗੀ

ਅਤੇ ਵੱਖ-ਵੱਖ ਸੂਬਿਆਂ ਦੇ ਆਲ ਇੰਡੀਆ ਸਰਵਿਸਿਜ਼ ਤੇ ਸਿਵਲ ਸਰਵਿਸਿਜ਼ ਕਾਡਰ ਦੇ ਕੁੱਲ 64 ਕਾਊਂਟਿੰਗ ਅਬਜ਼ਰਵਰਾਂ ਵੱਲੋਂ ਵੋਟਾਂ ਦੀ ਗਿਣਤੀ ਦੀ ਨਿਗਰਾਨੀ ਕੀਤੀ ਜਾਵੇਗੀ। ਇਨ੍ਹਾਂ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਗਿਆ ਏ, ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਦਿਆਂ, ਨਿਰਪੱਖ, ਕੁਸ਼ਲ ਅਤੇ ਪਾਰਦਰਸ਼ੀ ਢੰਗ ਨਾਲ, ਵੋਟਾਂ ਦੀ ਗਿਣਤੀ ਯਕੀਨੀ ਬਣਾਈ ਜਾਵੇ । ਉਨਾਂ ਦੱਸਿਆ ਕਿ ਸੂਬੇ ਵਿੱਚ 27 ਵੱਖ-ਵੱਖ ਥਾਵਾਂ 'ਤੇ 48 ਇਮਾਰਤਾਂ ਵਿੱਚ ਕੁੱਲ 117 ਗਿਣਤੀ ਕੇਂਦਰ ਸਥਾਪਿਤ ਕੀਤੇ ਗਏ ਨੇ। ਇਨ੍ਹਾਂ ਵਿੱਚੋਂ ਜ਼ਿਆਦਾਤਰ ਜ਼ਿਲ੍ਹਾ ਹੈੱਡ-ਕੁਆਰਟਰ ਤੇ ਹੀ ਸਥਿਤ ਨੇ, ਜਦਕਿ 7 ਥਾਵਾਂ ਜ਼ਿਲ੍ਹਾ ਹੈੱਡਕੁਆਰਟਰ ਤੋਂ ਬਾਹਰ ਅਰਥਾਤ ਅਜਨਾਲਾ, ਬਾਬਾ ਬਕਾਲਾ, ਅਬੋਹਰ, ਮਲੋਟ, ਧੂਰੀ, ਛੋਕਰਾ ਰਾਹੋਂ- ਨਵਾਂ ਸ਼ਹਿਰ ਅਤੇ ਖ਼ੂਨੀ ਮਾਜਰਾ ਖਰੜ ਵਿੱਚ ਸਥਿਤ ਨੇ । ਜ਼ਿਲ੍ਹਾ ਹੈੱਡ,ਕੁਆਰਟਰ ਸੰਗਰੂਰ ਤੇ ਨਵਾਂ ਸ਼ਹਿਰ ਵਿਖੇ ਗਿਣਤੀ ਨਹੀਂ ਕਰਵਾਈ ਜਾਵੇਗੀ। ਗਿਣਤੀ ਕੇਂਦਰਾਂ ਦੀ ਸੁਰੱਖਿਆ ਬਾਰੇ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਕੇਂਦਰਾਂ ਦੇ ਆਲੇ-ਦੁਆਲੇ ਤਿੰਨ-ਪਰਤੀ ਸੁਰੱਖਿਆ ਪ੍ਰਣਾਲੀ ਕਾਇਮ ਕੀਤੀ ਗਈ ਏ । ਗਿਣਤੀ ਕੇਂਦਰਾਂ ਤੱਕ ਪਹੁੰਚ ‘ਤੇ ਸਖ਼ਤ ਪਾਬੰਦੀ ਨਾਲ ਢੁਕਵੇਂ ਸੁਰੱਖਿਆ ਇੰਤਜ਼ਾਮ ਕੀਤੇ ਗਏ ਨੇ ਅਤੇ ਸਿਰਫ਼ ਮਾਨਤਾ ਪ੍ਰਾਪਤ ਜਾਂ ਅਧਿਕਾਰਤ ਵਿਅਕਤੀਆਂ ਨੂੰ

ਹੀ ਅੰਦਰ ਦਾਖ਼ਲ ਹੋਣ ਦੀ ਇਜ਼ਾਜਤ ਏ । ਗਿਣਤੀ ਕੇਂਦਰਾਂ ਦੀ ਵਿਆਪਕ ਨਿਗਰਾਨੀ ਯਕੀਨੀ ਬਣਾਉਣ ਲਈ, ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਨੇ । ਇਸ ਦੇ ਨਾਲ ਹੀ ਚੋਣ ਪ੍ਰਕਿਰਿਆ ਦੀ ਮਰਿਆਦਾ ਬਣਾਏ ਰੱਖਣ ਲਈ, ਕਿਸੇ ਵੀ ਐਮਰਜੈਂਸੀ ਜਾਂ ਘਟਨਾ ਨਾਲ ਤੁਰੰਤ ਨਜਿੱਠਣ ਲਈ ਕਿਉਕ ਰਿਸਪਾਂਸ ਟੀਮਾਂ ਤਾਇਨਾਤ ਨੇ ।

--------------------------------------------------

ਇਸ ਦੌਰਾਨ ਚੋਣ ਨਤੀਜਿਆਂ ਨੂੰ ਲੈ ਕੇ, ਲੋਕਾਂ ਵਿਚ ਵੀ ਜਬਰਦਸਤ ਉਤਸੁਕਤਾ ਬਣੀ ਹੋਈ ਏ। ਸਬ ਨਤੀਜਿਆਂ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਨੇ। ਅੱਜ ਦਿਨ ਭਰ ਕਈ ਥਾਵਾਂ ਤੇ ਨਤੀਜਿਆਂ ਬਾਰੇ ਚਰਚਾ ਹੁੰਦੀ ਰਹੀ ।

--------------------------------------------------

ਪੰਜਾਬ ਦੇ 13 ਲੋਕ ਸਭਾ ਹਲਕਿਆਂ ਲਈ ਪਈਆਂ ਵੋਟਾਂ ਵਿੱਚ 62.80 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ । ਹਾਲਾਂਕਿ ਇਹ ਵੋਟਿੰਗ ਪਿਛਲੀਆਂ ਤਿੰਨ ਲੋਕਸਭਾ ਚੋਣਾਂ ਦੇ ਮੁਕਾਬਲੇ ਸਬ ਤੋਂ ਘੱਟ ਏ । ਬਠਿੰਡਾ ਵਿੱਚ ਸਭ ਤੋਂ ਵੱਧ 69.36 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ ।

---

ਇਸ ਦੌਰਾਨ ਭਲਕੇ ਚਾਰ ਜੂਨ ਨੂੰ ਹੋਣ ਵਾਲੀ ਲੋਕਸਭਾ ਚੋਣਾਂ ਦੀ ਗਿਣਤੀ ਦੀ ਪਲ-ਪਲ ਦੀ ਜਾਣਕਾਰੀ ਦੇਸ਼ ਭਰ ਦੇ ਸਰੋਤਿਆਂ ਤਕ ਪਹੁੰਚਾਉਣ ਲਈ, ਸਮਾਚਾਰ ਸੇਵਾ ਡਿਵੀਜ਼ਨ ਆਕਾਸ਼ਵਾਣੀ ਨਵੀਂ ਦਿੱਲੀ ਨੇ ਵਿਸ਼ੇਸ਼ ਪ੍ਰਬੰਧ ਕੀਤੇ ਨੇ। ਇਹ ਪ੍ਰਸਾਰਣ ਸਵੇਰੇ ਠੀਕ 7 ਵਜੇ ਤੋਂ ਸ਼ੁਰੂ ਹੋ ਜਾਵੇਗਾ। ਆਕਾਸ਼ਵਾਣੀ ਜਲੰਧਰ ਤੇ ਪ੍ਰਾਦੇਸ਼ਿਕ ਸਮਾਚਾਰ ਯੂਨਿਟ ਵਲੋਂ, ਵਿਸ਼ੇਸ਼ ਸਮਾਚਾਰ ਬੁਲੇਟਿਨ ਦਾ ਪ੍ਰਸਾਰਣ ਸਵੇਰੇ ਦੱਸ ਵਜੇ ਤੋਂ ਹਰ ਘੰਟੇ ਬਾਅਦ ਸ਼ਾਮ ਤਕ ਕੀਤਾ ਜਾਵੇਗਾ। ਇਸ ਦੌਰਾਨ ਵੱਖ ਵੱਖ ਸਿਆਸੀ ਮਾਹਰਾਂ ਨਾਲ, ਸਟੂਡੀਓ ਤੇ ਫੋਨ ਰਾਹੀਂ ਗੱਲਬਾਤ ਅਤੇ ਚਰਚਾ, ਸਰੋਤਿਆਂ ਤਕ ਪਹੁੰਚਾਈ ਜਾਵੇਗੀ।

---

ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਤੋਂ ਬਾਅਦ ਵੀ ਗਰਮੀ ਲਗਾਤਾਰ ਲੋਕਾਂ ਨੂੰ ਪ੍ਰੇਸ਼ਾਨ ਕਰ ਰਹੀ ਏ ਪਰ ਤਾਪਮਾਨ ਵਿੱਚ ਗਿਰਾਵਟ ਨੇ ਲੋਕਾਂ ਨੂੰ ਇਸ ਗਰਮੀ ਤੋਂ ਮਾਮੂਲੀ ਰਾਹਤ ਜ਼ਰੂਰ ਦਿੱਤੀ ਏ। ਇਸ ਦੇ ਨਾਲ ਹੀ ਪੰਜਾਬ ਵਿਚ 4 ਜੂਨ ਤੱਕ ਹੀਟ ਵੇਵ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਏ ਪਰ 5 ਜੂਨ ਤੋਂ ਰਾਹਤ ਮਿਲਣ ਅਤੇ ਪੱਛਮੀ ਗੜਬੜੀ ਦੇ ਜ਼ੋਰ ਫੜਨ ਕਾਰਨ ਮੀਂਹ ਪੈਣ ਦੀ ਸੰਭਾਵਨਾ

ਰਹੇਗੀ ।ਮੌਸਮ ਵਿਭਾਗ ਨੇ ਮਾਨਸਾ, ਬਰਨਾਲਾ ਅਤੇ ਲੁਧਿਆਣਾ ਜ਼ਿਲਿਆਂ ਵਿੱਚ ਹੀਟ ਵੇਵ ਦਾ ਆਰੇਂਜ ਅਲਰਟ ਦਿੱਤਾ ਏ ਜਦਕਿ 6 ਹੋਰ ਜ਼ਿਲ੍ਹਿਆਂ ਬਠਿੰਡਾ, ਮੋਗਾ, ਮੁਕਤਸਰ, ਫਰੀਦਕੋਟ, ਫਾਜ਼ਿਲਕਾ ਅਤੇ ਫ਼ਿਰੋਜ਼ਪੁਰ ਵਿੱਚ ਹੀਟਵੇਵ ਦੇ ਨਾਲ-ਨਾਲ ਮੀਂਹ ਤੇ ਤੇਜ਼ ਹਨੇਰੀ ਝਕੜ ਦੀ ਪੇਸ਼ੀਨਗੋਈ ਕੀਤੀ ਗਈ ਏ । ਬਾਕੀ ਸਾਰੇ ਜ਼ਿਲ੍ਹਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਏ। 5 ਤੇ 6 ਜੂਨ ਤੋਂ ਪੂਰੇ ਸੂਬੇ ਲਈ ਮੀਂਹ ਦਾ ਯੈਲੋ ਅਲਰਟ ਏ ਅਤੇ ਮੀਂਹ ਪੈਣ ਤੋਂ ਬਾਅਦ ਤਾਪਮਾਨ ਵਿਚ 3 ਤੋਂ 5 ਡਿਗਰੀ ਤੱਕ ਦੀ ਗਿਰਾਵਟ ਵੀ ਆ ਸਕਦੀ ਏ। ਓਧਰ ਲੋਕਾਂ ਦਾ ਕਹਿਣਾ ਏ, ਕਿ ਉਹ ਇਸ ਅੱਤ ਦੀ ਗਰਮੀ ਤੋਂ ਬਹੁਤ ਪਰੇਸ਼ਾਨ ਨੇ।